# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ .ਖਬਰਾਂ ਪੰਜਾਬੀ

**18:20**

**ਮਿਤੀ : 19-03-2026**

## ਪਹਿਲਾਂ ਬੁਲੇਟਿਨ ਦੀਆਂ ਖਾਸ .ਖਬਰਾਂ

- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ - ਸੂਖਮ, ਛੋਟੇ ਅਤੇ ਦਰਮਿਆਨੇ ਉੱਦਮ ਦੇਸ਼ ਦੇ ਰੱਖਿਆ ਨਿਰਮਾਣ ਖੇਤਰ ਦੇ ਇੱਕ ਮਹੱਤਵਪੂਰਨ ਥੰਮ੍ਹ ਵਜੋਂ ਉੱਭਰ ਰਹੇ ਨੇ।

- -ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਲਈ 2026-27 ਵਾਸਤੇ  ਆਬਕਾਰੀ ਨੀਤੀ ਨੂੰ ਮਨਜ਼ੂਰੀ ਦਿੱਤੀ ਗਈ ।

- -ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰੋਂ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਇੱਕ ਨਾਬਾਲਗ

ਸਮੇਤ 6 ਮੁਲਜ਼ਮਾਂ ਨੂੰ 7 ਆਧੁਨਿਕ ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕੀਤਾ।

• -ਮੌਸਮ ਵਿਭਾਗ ਨੇ ਕੱਲ੍ਹ ਨੂੰ ਪੰਜਾਬ, ਚੰਡੀਗੜ੍ਹ, ਹਰਿਆਣਾ, ਹਿਮਾਚਲ ਪ੍ਰਦੇਸ਼, ਜੰਮੂ ਕਸ਼ਮੀਰ, ਦਿੱਲੀ NCR, ਅਤੇ ਰਾਜਸਥਾਨ ਵਿੱਚ ਕਈ ਥਾਵਾਂ 'ਤੇ ਗਰਜ ਨਾਲ ਦਰਮਿਆਨੀ ਤੋਂ ਭਾਰੀ ਬਾਰਿਸ਼ ਹੋਣ ਦੀ ਪੇਸ਼ੀਨਗੋਈ ਕੀਤੀ ।

---------------------------------------------------

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਏ ਕਿ ਸੂਖਮ, ਛੋਟੇ ਅਤੇ ਦਰਮਿਆਨੇ ਉੱਦਮ (MSMEs) ਦੇਸ਼ ਦੇ ਰੱਖਿਆ ਨਿਰਮਾਣ ਖੇਤਰ ਦੇ ਇੱਕ ਮਹੱਤਵਪੂਰਨ ਥੰਮ੍ਹ ਵਜੋਂ ਉੱਭਰ ਰਹੇ ਨੇ। ਨਵੀਂ ਦਿੱਲੀ ਵਿੱਚ, ਰਾਸ਼ਟਰੀ ਰੱਖਿਆ ਸਨਅਤੀ ਸੰਮੇਲਨ ਨੂੰ ਸੰਬੋਧਨ ਕਰਦਿਆਂ, ਉਨ੍ਹਾਂ ਕਿਹਾ ਕਿ ਸਥਾਨਕ ਉੱਦਮੀ, ਸਟਾਰਟਅੱਪ ਅਤੇ ਭਾਰਤ ਦੀਆਂ ਤਕਨੀਕੀ

ਸਮਰੱਥਾਵਾਂ ਨੂੰ ਵਧਾਉਣ ਅਤੇ ਰਾਸ਼ਟਰੀ ਅਰਥ-ਵਿਵਸਥਾ ਵਿੱਚ, ਯੋਗਦਾਨ ਪਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੇ ਨੇ। ਸ੍ਰੀ ਰਾਜਨਾਥ ਸਿੰਘ ਨੇ ਇਸ ਗੱਲ 'ਤੇ ਚਾਨਣਾ ਪਾਇਆ ਕਿ ਬਹੁਤ ਸਾਰੇ MSMEs, ਆਰਟੀਫੀਸ਼ੀਅਲ ਇੰਟੈਲੀਜੈਂਸ, ਆਟੋਮੇਸ਼ਨ, ਰੋਬੋਟਿਕਸ ਅਤੇ ਹੋਰ ਉੱਨਤ ਤਕਨਾਲੋਜੀਆਂ ਵਰਗੇ ਉੱਭਰ ਰਹੇ ਖੇਤਰਾਂ ਵਿੱਚ ਸਰਗਰਮੀ ਨਾਲ ਕੰਮ ਕਰ ਰਹੇ ਨੇ। ਰੱਖਿਆ ਮੰਤਰੀ ਨੇ ਇਸ ਮੌਕੇ 'ਤੇ 'ਇਨੋਵੇਸ਼ਨਜ਼ ਫਾਰ ਡਿਫੈਂਸ ਐਕਸੀਲੈਂਸ' ਪਲੇਟਫਾਰਮ ਦੀ ਮਹੱਤਤਾ 'ਤੇ ਜ਼ੋਰ ਦਿੱਤਾ | BYTE:RNU190326

ਇਹ ਪਲੇਟਫਾਰਮ, ਸਟਾਰਟਅੱਪਸ ਅਤੇ MSMEs ਨੂੰ ਹਥਿਆਰਬੰਦ ਬਲਾਂ ਲਈ ਨਵੇਂ ਹੱਲ ਵਿਕਸਤ ਕਰਨ ਲਈ ਉਤਸ਼ਾਹਿਤ ਕਰਦਾ ਏ। ਉਨ੍ਹਾਂ ਕਿਹਾ ਕਿ ਇਹ ਪੋਰਟਲ ਨਵੀਨਤਾਕਾਰਾਂ ਅਤੇ ਉੱਦਮੀਆਂ ਨੂੰ ਰੱਖਿਆ ਖੇਤਰ ਵਿੱਚ ਸਿੱਧੇ ਯੋਗਦਾਨ ਪਾਉਣ ਦੇ ਮੌਕੇ ਪ੍ਰਦਾਨ ਕਰਦਾ ਏ। ਉਨ੍ਹਾਂ

ਦੁਹਰਾਇਆ ਕਿ ਸਰਕਾਰ ਇੱਕ ਮਜ਼ਬੂਤ ਅਤੇ ਸਮਾਵੇਸ਼ੀ ਰੱਖਿਆ ਸਨਅਤੀ ਈਕੋਸਿਸਟਮ ਬਣਾਉਣ ਲਈ ਵਚਨਬੱਧ ਏ ਜਿੱਥੇ MSMEs, ਸਟਾਰਟਅੱਪ ਅਤੇ ਨੌਜਵਾਨ, ਭਾਰਤ ਦੀਆਂ ਰੱਖਿਆ ਸਮਰੱਥਾਵਾਂ ਦੇ ਭਵਿੱਖ ਨੂੰ ਨੁਹਾਰ ਦੇਣ ਵਿੱਚ ਮੋਹਰੀ ਭੂਮਿਕਾ ਨਿਭਾ ਸਕਦੇ ਨੇ। ਉਨ੍ਹਾਂ ਕਿਹਾ ਕਿ ਭਾਰਤ ਦੀ ਤਿਆਰੀ ਅਤੇ ਰਣਨੀਤਕ ਖੁਦਮੁਖਤਿਆਰੀ ਲਈ, ਡਰੋਨ ਨਿਰਮਾਣ ਵਿੱਚ ਆਤਮ-ਨਿਰਭਰਤਾ ਜ਼ਰੂਰੀ ਏ।

BYTE:RNU190326

------------------------------------------

ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਲਈ ਨੀਤੀ ਵਰ੍ਹੇ 2026-27 ਲਈ ਆਬਕਾਰੀ ਨੀਤੀ ਨੂੰ ਮਨਜ਼ੂਰੀ ਦੇ ਦਿੱਤੀ ਗਈ ਏ । ਇਹ ਮਨਜ਼ੂਰੀ ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ, ਮੁੱਖ ਸਕੱਤਰ ਐੱਚ. ਰਾਜੇਸ਼ ਪ੍ਰਸਾਦ ਅਤੇ ਆਬਕਾਰੀ ਅਤੇ

ਟੈਕਸੇਸ਼ਨ ਦੇ ਸਕੱਤਰ ਚੰਡੀਗੜ੍ਹ, ਦੀਪਰਵਾ ਲਾਕੜਾ ਨੇ ਵਿਚਾਰ-ਵਟਾਂਦਰੇ ਤੋਂ ਬਾਅਦ ਦਿਤੀ । ਨਵੀਂ ਆਬਕਾਰੀ ਨੀਤੀ ਦਾ ਉਦੇਸ਼ ਪਾਰਦਰਸ਼ਤਾ ਲਿਆਉਣਾ ਅਤੇ ਤਕਨੋਲੋਜੀ ਦੇ ਉਪਯੋਗ ਦੇ ਜ਼ਰੀਏ ਮਾਲੀਏ ਵਿੱਚ ਵਾਧਾ ਕਰਨਾ ਏ । ਸਾਰੇ ਬੋਲੀਕਾਰਾਂ ਨੇ ਆਪਣੀਆਂ ਬੋਲੀਆਂ ਔਨਲਾਇਨ ਜਮ੍ਹਾਂ ਕਰਵਾਈਆਂ । ਨੀਤੀ ਵਿੱਚ ਕਾਰਟੇਲਾਇਜ਼ੇਸ਼ਨ ਅਤੇ ਏਕਾਧਿਕਾਰ ਨੂੰ ਰੋਕਣ ਲਈ ਇੱਕ ਵਿਅਕਤੀ, ਇਕਾਈ, ਪਰਿਵਾਰ, ਕੰਪਨੀ ਅਤੇ ਫਰਮ ਨੂੰ ਅਧਿਕਤਮ 10 ਲਾਇਸੈਂਸਿੰਗ ਯੂਨਿਟਾਂ ਤੱਕ ਹੀ ਅਲਾਟਮੈਂਟ ਸੀਮਿਤ ਕੀਤੀ ਗਈ ਏ। ਇਸ ਨਾਲ ਸਾਰਿਆਂ ਲਈ ਸਮਾਨ ਮੌਕੇ ਯਕੀਨੀ ਕਰਨ ਦੇ ਨਾਲ-ਨਾਲ ਰਾਜ ਦੇ ਮਾਲੀਏ ਵਿੱਚ ਵਾਧੇ ਦਾ ਮਾਰਗ ਪੱਧਰਾ ਹੋਇਆ ਏ । ਇਸ ਆਬਕਾਰੀ ਨੀਤੀ ਦੀਆਂ ਪ੍ਰਮੁੱਖ ਵਿਸ਼ੇਸ਼ਤਾਵਾਂ ਵਿੱਚ ਡਿਪਾਰਟਮੈਂਟਲ ਸਟੋਰਸ ਵਿੱਚ ਸ਼ਰਾਬ ਲਾਇਸੈਂਸ ਦੀ ਮੁੜ ਸ਼ੁਰੂਆਤ, ਨੇੜਲੇ ਦੋ ਠੇਕਿਆਂ ਤੋਂ ਬਾਰ ਲਾਇਸੈਂਸਧਾਰਕਾਂ ਦੁਆਰਾ ਸ਼ਰਾਬ ਦੀ

ਖਰੀਦ, ਰਿਟੇਲ ਵੈਂਡਸ ਸੁਰੱਖਿਆ ਰਕਮ  ਵਿੱਚ ਵਾਧੇ ਅਤੇ ਸ਼ਰਾਬ ਦੀ ਢੋਆ-ਢੁਆਈ ਲਈ ਜੀਪੀਐੱਸ (GPS) ਸਿਸਟਮ ਨੂੰ ਲਾਜ਼ਮੀ ਕਰਨਾ ਸ਼ਾਮਲ ਏ । ਵਿਭਾਗ ਨੂੰ ਕੁੱਲ 97 ਲਾਇਸੈਂਸਿੰਗ ਇਕਾਈਆਂ ਵਿੱਚੋਂ 84 ਲਾਇਸੈਂਸਿੰਗ ਇਕਾਈਆਂ ਦੇ ਖਿਲਾਫ ਇਲੈਕਟ੍ਰੌਨਿਕ ਤੌਰ 'ਤੇ ਕੁੱਲ 195 ਟੈਂਡਰ, ਤੇ ਬੋਲੀਆਂ ਪ੍ਰਾਪਤ ਹੋਈਆਂ।  83 ਲਾਇਸੈਂਸਿੰਗ ਇਕਾਈਆਂ ਦੀ ਰਿਜ਼ਰਵ ਕੀਮਤ 385 ਕਰੋੜ 24 ਲਖ ਰੁਪਏ ਨਿਰਧਾਰਿਤ ਸੀ। ਭਾਰੀ ਹੁੰਗਾਰਾ ਮਿਲਣ ਕਰਕੇ, ਵਿਭਾਗ ਨੇ ਲਾਇਸੈਂਸ ਫੀਸ ਦੇ ਰੂਪ ਵਿੱਚ ਕੁੱਲ 496.81 ਕਰੋੜ ਰੁਪਏ ਦਾ ਮਾਲੀਆ ਇਕੱਠਾ ਕੀਤਾ । ਇਸ ਤੋਂ ਇਲਾਵਾ 3 ਕਰੋੜ 90 ਲਖ  ਰੁਪਏ ਦੀ ਰਾਸ਼ੀ ਪਾਰਟੀਸਿਪੇਸ਼ਨ ਫੀਸ ਦੇ ਰੂਪ ਵਿੱਚ ਵੀ ਪ੍ਰਾਪਤ ਹੋਈ।

-------------------------------------------

ਰਾਸ਼ਟਰੀ ਮਹਿਲਾ ਕਮਿਸ਼ਨ ਨੇ ਦੋ ਗੀਤਾਂ, ਟਟੀਰੀ ਅਤੇ ਸਰਕੇ ਚੁਨਰ ਤੇਰੀ ਸਰਕੇ ਵਿੱਚ ਅਸ਼ਲੀਲਤਾ ਦੇ ਇਲਜ਼ਾਮਾਂ ਵਾਲੀਆਂ ਮੀਡੀਆ ਰਿਪੋਰਟਾਂ ਦਾ ਆਪਣੇ ਤੌਰ 'ਤੇ ਨੋਟਿਸ ਲਿਆ ਏ। "ਸਰਕੇ ਚੁਨਰ ਤੇਰੀ ਸਰਕੇ" ਗਾਣੇ ਦੇ ਮਾਮਲੇ ਵਿੱਚ, ਕਮਿਸ਼ਨ ਨੇ ਕਿਹਾ ਏ ਕਿ ਇਸਦੀ ਸਮੱਗਰੀ ਜਿਣਸੀ ਤੌਰ 'ਤੇ ਭੜਕਾਊ, ਇਤਰਾਜ਼ਯੋਗ ਏ  ਅਤੇ ਭਾਰਤੀ ਨਿਆਂ ਸੰਹਿਤਾ, ਸੂਚਨਾ ਤਕਨਾਲੋਜੀ ਐਕਟ ਅਤੇ ਪੋਕਸੋ ਐਕਟ ਦੇ ਉਪਬੰਧਾਂ ਦੀ ਉਲੰਘਣਾ ਕਰਦੀ ਏ। ਇਸ ਮਾਮਲੇ ਵਿੱਚ ਅਦਾਕਾਰਾ ਨੋਰਾ ਫਤੇਹੀ, ਗੀਤਕਾਰ ਰਕੀਬ ਆਲਮ, ਅਦਾਕਾਰ ਸੰਜੇ ਦੱਤ, ਨਿਰਮਾਤਾ ਵੈਂਕਟ ਕੇ. ਨਾਰਾਇਣ ਅਤੇ ਨਿਰਦੇਸ਼ਕ ਕਿਰਨ ਕੁਮਾਰ ਨੂੰ ਸੰਮਨ ਜਾਰੀ ਕੀਤਾ ਗਿਆ ਏ। ਮਹਿਲਾ ਕਮਿਸ਼ਨ ਨੇ ਇਨ੍ਹਾਂ ਇਸ ਮਹੀਨੇ ਦੀ 24 ਤਰੀਕ ਨੂੰ ਕਮਿਸ਼ਨ ਅੱਗੇ ਪੇਸ਼ ਹੋਣ ਦਾ ਨਿਰਦੇਸ਼ ਦਿੱਤਾ ਏ । ਟਟੀਰੀ ਗਾਣੇ ਵਿੱਚ, ਕਮਿਸ਼ਨ ਨੇ ਪਾਇਆ ਏ ਕਿ ਇਸਦੀ ਸਮੱਗਰੀ ਵੀ ਇਤਰਾਜ਼ਯੋਗ ਏ ਅਤੇ ਭਾਰਤੀ ਨਿਆਂ

ਸੰਹਿਤਾ, ਸੂਚਨਾ ਤਕਨਾਲੋਜੀ ਐਕਟ ਅਤੇ ਔਰਤਾਂ ਦੇ ਅਸ਼ਲੀਲ ਚਿੱਤਰਣ ਐਕਟ ਦੇ ਉਪਬੰਧਾਂ ਦੀ ਉਲੰਘਣਾ ਕਰਦੀ ਏ। ਕਮਿਸ਼ਨ ਨੇ ਗਾਇਕ ਅਤੇ ਗੀਤਕਾਰ ਆਦਿੱਤਿਆ ਪਾਰੀਕ ਸਿੰਘ ਸਿਸੋਦੀਆ ਉਰਫ਼ ਬਾਦਸ਼ਾਹ, ਨਿਰਦੇਸ਼ਕ ਮਾਹੀ ਸੰਧੂ ਅਤੇ ਜੋਬਨ ਸੰਧੂ ਅਤੇ ਨਿਰਮਾਤਾ ਹਿਤੇਨ ਨੂੰ ਸੰਮਨ ਜਾਰੀ ਕਰਕੇ ਇਸ ਮਹੀਨੇ ਦੀ 25 ਤਰੀਕ ਨੂੰ ਕਮਿਸ਼ਨ ਅੱਗੇ ਪੇਸ਼ ਹੋਣ ਦਾ ਨਿਰਦੇਸ਼ ਦਿੱਤਾ ਏ।

---------------------------------------------

ਪੰਜਾਬ ਪੁਲਿਸ ਦੇ ਗੈਂਗਸਟਰ ਵਿਰੋਧੀ ਕਾਰਜ ਬਲ ਨੇ ਹਰਿਆਣਾ ਚ ਕਰਨਾਲ ਦੇ ਵਿਸ਼ੇਸ਼ ਕਾਰਜ ਬਲ ਨਾਲ ਸਾਂਝੇ ਆਪ੍ਰੇਸ਼ਨ ਵਿੱਚ ਬੀਤੇ ਕੱਲ ਚੰਡੀਗੜ੍ਹ ਦੇ ਸੈਕਟਰ 9 ਵਿੱਚ ਚਰਨਜੀਤ ਸਿੰਘ ਦੇ ਕਤਲ ਮਾਮਲੇ ਨੂੰ ਸੁਲਝਾਉਣ ਵਿੱਚ ਸਫਲਤਾ ਹਾਸਲ ਕੀਤੀ ਏ । ਦੋਵਾਂ ਟੀਮਾਂ ਨੇ ਅੱਜ ਕੈਥਲ ਵਿਖੇ ਇੱਕ ਮੁਕਾਬਲੇ ਤੋਂ ਬਾਅਦ ਦੋ ਮੁੱਖ ਸਾਥੀਆਂ

ਰਾਜਨ ਅਤੇ ਪ੍ਰੀਤਮ ਸ਼ਾਹ ਨੂੰ ਗ੍ਰਿਫ਼ਤਾਰ ਕਰ ਲਿਆ ਏ । ਪੁਲਿਸ ਕਾਰਵਾਈ ਦੌਰਾਨ, ਮੁਲਜ਼ਮਾਂ ਨੇ ਪੁਲਿਸ ਟੀਮਾਂ 'ਤੇ ਗੋਲੀਬਾਰੀ ਕੀਤੀ। ਜਵਾਬੀ ਕਾਰਵਾਈ ਵਿੱਚ, ਦੋਵੇਂ ਜ਼ਖਮੀ ਹੋ ਗਏ ਅਤੇ ਉਨ੍ਹਾਂ ਨੂੰ ਤੁਰੰਤ ਇਲਾਜ ਲਈ ਹਸਪਤਾਲ ਭੇਜ ਦਿੱਤਾ ਗਿਆ। ਉਨ੍ਹਾਂ ਦੇ ਕਬਜ਼ੇ ਵਿੱਚੋਂ ਤਿੰਨ ਆਧੁਨਿਕ ਪਿਸਤੌਲ ਬਰਾਮਦ ਕੀਤੇ ਗਏ ਨੇ । ਪੰਜਾਬ ਪੁਲਿਸ ਨੇ ਦਾਅਵਾ ਕੀਤਾ ਏ ਕਿ ਇਹ ਦੋਵੇਂ ਬੰਬੀਹਾ ਗੈਂਗ ਦੇ ਇੱਕ ਭਗੌੜੇ ਗੈਂਗਸਟਰ ਲੱਕੀ ਪਟਿਆਲ ਨਾਲ ਜੁੜੇ ਹੋਏ ਨੇ । ਮੁੱਢਲੀ ਜਾਂਚ ਤੋਂ ਪਤਾ ਲਗਿਆ ਏ ਕਿ ਰਾਜਨ ਇੱਕ ਹੋਰ ਕਤਲ ਮਾਮਲੇ ਵਿੱਚ ਵੀ ਲੋੜੀਂਦਾ ਸੀ।

ਇੱਕ ਹੋਰ ਆਪ੍ਰੇਸ਼ਨ ਵਿੱਚ, ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰੋਂ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਇੱਕ ਨਾਬਾਲਗ ਸਮੇਤ 6 ਮੁਲਜ਼ਮਾਂ ਨੂੰ 7 ਪਿਸਤੌਲਾਂ ਸਮੇਤ

ਗ੍ਰਿਫ਼ਤਾਰ ਕੀਤਾ ਏ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਸੋਸ਼ਲ ਮੀਡੀਆ ਪਲੇਟਫਾਰਮ X ਤੇ ਜਾਣਕਰੀ ਸਾਂਝੀ ਕਰਦਿਆਂ ਦਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਿਆ ਕਿ ਮੁਲਜ਼ਮ ਪੁਰਤਗਾਲ ਤੋਂ ਕੰਮ ਕਰ ਰਹੇ ਇੱਕ ਵਿਦੇਸ਼ੀ ਹੈਂਡਲਰ ਦੇ ਸੰਪਰਕ ਵਿੱਚ ਨੇ ਜੋ  ਪਾਕਿਸਤਾਨ ਤੋਂ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਵਿੱਚ ਮਦਦ ਕਰਦਾ ਏ । ਇਹ ਖੇਪ ਅੱਗੇ ਅਪਰਾਧਿਕ ਤੱਤਾਂ ਨੂੰ ਵੰਡੀ ਜਾਂਦੀ ਏ ।

DGP ਨੇ ਦਸਿਆ ਕਿ ਇਸ ਬਾਰੇ ਅੰਮ੍ਰਿਤਸਰ ਵਿਖੇ ਮਾਮਲਾ ਦਰਜ ਕੀਤਾ ਗਿਆ ਏ ਅਤੇ ਪੂਰੇ ਨੈੱਟਵਰਕ ਨੂੰ ਖਤਮ ਕਰਨ ਲਈ ਅਗਲੇਰੀ ਜਾਂਚ ਜਾਰੀ ਏ । ਇਸ ਬਾਰੇ ਵੇਰਵੇ ਸਾਂਝੇ ਕਰਦਿਆਂ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਕਿਹਾ BYTE:RNU190326

---------------------------------------------

ਪੰਜਾਬ ਪੁਲਿਸ ਵਲੋ ਸੂਬੇ 'ਚ ਵੱਖ ਵੱਖ ਥਾਂਵਾ ਤੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਕਾਸੋ ਆਪਰੇਸ਼ਨ ਚਲਾਇਆ ਗਿਆ । ਇਸੇ ਤਹਿਤ ਬਟਾਲਾ ਦੇ ਪਿੰਡ ਢਡਿਆਲਾ ਨੱਤ 'ਚ ਡੀਆਈਜੀ ਬਾਰਡਰ ਰੇਂਜ ਸੰਦੀਪ ਗੋਇਲ ਦੀ ਅਗਵਾਈ ਚ ਅਚਨਚੇਤ ਛਾਪਾ ਮਾਰਿਆ ਗਿਆ । ਸੰਦੀਪ ਗੋਇਲ ਨੇ ਕਿਹਾ ਕਿ ਇਸਦਾ ਮਕਸਦ ਏ ਕਿ ਇਸ ਨਸ਼ੇ ਦਾ ਕਾਰੋਬਾਰ ਕਰਨ ਵਾਲਿਆਂ ਨੂੰ ਕਾਬੂ ਕਰਕੇ ਓੁਹਨਾਂ ਖਿਲਾਫ ਸਖ਼ਤ ਕਾਨੂੰਨੀ ਕਾਰਵਾਈ ਕਰਨਾ ਏ । ਓਧਰ ਮਾਨਸਾ ਪੁਲੀਸ ਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਕਾਰਵਾਈ ਕਰਦੇ ਹੋਏ ਬਠਿੰਡਾ ਰੇਂਜ ਦੇ ਡਾਇਰੈਕਟਰ ਜਨਰਲ ਪੁਲੀਸ ਹਰਜੀਤ ਸਿੰਘ ਦੀ ਅਗਵਾਈ ਹੇਠ ਸ਼ਹਿਰ ਦੇ ਵੱਖ-ਵੱਖ ਨਸ਼ਾ ਪ੍ਰਭਾਵਤ ਖੇਤਰਾਂ ਦੀ ਚੈਕਿੰਗ ਕੀਤੀ। ਸੀਨੀਅਰ ਕਪਤਾਨ ਪੁਲੀਸ ਭਾਗੀਰਥ ਸਿੰਘ ਮੀਨਾ ਨੇ ਦੱਸਿਆ ਕਿ ਇਸ ਦੌਰਾਨ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕੀਤੀ ਗਈ ਅਤੇ ਚੈਕਿੰਗ ਦੌਰਾਨ 6

ਵਿਅਕਤੀਆਂ ਨੂੰ ਕਾਬੂ ਕਰਕੇ ਉਹਨਾ ਖਿਲਾਫ ਤਹਿਤ 5 ਮੱਕਦਮੇ ਦਰਜ ਕੀਤਾ ਗਏ ਨੇ । ਉਨ੍ਹਾਂ ਦੱਸਿਆ ਕਿ ਫੜ੍ਹੇ ਵਿਅਕਤੀਆਂ ਪਾਸੋਂ 14.50 ਗ੍ਰਾਮ ਹੈਰੋਇਨ, 54 ਨਸ਼ੀਲੀਆਂ ਗੋਲੀਆਂ ਅਤੇ 150 ਨਸ਼ੀਲੀਆਂ ਗੋਲੀਆਂ ਦੀ ਬਰਾਮਦਗੀ ਕੀਤੀ ਗਈ।

---------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਭੋਆ ਵਿਧਾਨ ਸਭਾ ਹਲਕੇ ਦੇ ਤੰਗੋਸ਼ਾਹ ਪਿੰਡ ਵਿੱਚ ਸਥਿਤ ਗੈਸ ਏਜੰਸੀ ਦਾ ਅਚਾਨਕ ਨਿਰੀਖਣ ਕੀਤਾ। ਉਨ੍ਹਾਂ ਨੇ ਵਿਭਾਗ ਨੂੰ ਲੋਕਾਂ ਨੂੰ ਰਸੋਈ ਗੈਸ ਬਾਰੇ ਦਰਪੇਸ਼ ਸਮੱਸਿਆਵਾਂ ਦੇ ਮੱਦੇਨਜ਼ਰ ਗੈਸ ਏਜੰਸੀ ਖਿਲਾਫ ਕਾਰਵਾਈ ਕਰਨ ਦੇ ਹੁਕਮ ਦਿੱਤੇ। ਮੰਤਰੀ ਨੇ ਪਹਿਲਾਂ ਗੈਸ ਏਜੰਸੀ ਪ੍ਰਬੰਧਕਾਂ ਨਾਲ ਵੀ ਗੱਲ ਕੀਤੀ ।

-----------------------------------------

ਅੱਜ ਉੱਤਰੀ ਭਾਰਤ ਦੇ ਇੱਕ ਵੱਡੇ ਹਿੱਸੇ ਵਿੱਚ ਮੌਸਮ ਦਾ ਇੱਕ ਅਸਾਧਾਰਨ ਪ੍ਰਭਾਵ ਦੇਖਿਆ ਜਾ ਰਿਹਾ ਏ ਅਤੇ ਕੱਲ੍ਹ ਤੱਕ ਵੀ ਜਾਰੀ ਰਹਿਣ ਦੀ ਸੰਭਾਵਨਾ ਏ। ਮੌਸਮ ਵਿਭਾਗ ਮੁਤਾਬਿਕ ਪੱਛਮੀ ਗੜਬੜੀ ਪੂਰੇ ਖੇਤਰ ਵਿੱਚ ਚਲ ਰਹੀ ਏ, ਜਿਸ ਨਾਲ ਪੰਜਾਬ, ਚੰਡੀਗੜ੍ਹ, ਹਰਿਆਣਾ, ਹਿਮਾਚਲ ਪ੍ਰਦੇਸ਼, ਜੰਮੂ ਕਸ਼ਮੀਰ, ਦਿੱਲੀ NCR, ਰਾਜਸਥਾਨ ਅਤੇ ਉੱਤਰ ਪ੍ਰਦੇਸ਼ ਵਿੱਚ ਗਰਜ ਨਾਲ ਮੀਂਹ ਅਤੇ ਤਾਪਮਾਨ ਵਿੱਚ ਗਿਰਾਵਟ ਆਈ ਏ। ਕੱਲ੍ਹ 20 ਮਾਰਚ ਨੂੰ ਖੇਤਰ ਵਿੱਚ ਕਈ ਥਾਵਾਂ 'ਤੇ ਗਰਜ ਨਾਲ ਦਰਮਿਆਨੀ ਤੋਂ ਭਾਰੀ ਬਾਰਿਸ਼ ਹੋਣ ਦੀ ਸੰਭਾਵਨਾ ਜਤਾਈ ਗਈ ਏ। ਉੱਚੇ ਇਲਾਕਿਆਂ ਵਿੱਚ ਭਾਰੀ ਬਰਫ਼ਬਾਰੀ ਦੀ ਵੀ ਪੇਸ਼ੀਨਗੋਈ ਕੀਤੀ ਗਈ ਏ। ਜਲੰਧਰ , ਫਾਜ਼ਿਲਕਾ ਮੋਹਾਲੀ ਸਮੇਤ ਹੋਰਨਾਂ ਕਈ ਥਾਵਾਂ ਤੇ ਰੁਕ ਰੁਕ ਕਿ ਹਲਕੀ ਵਰਖਾ ਹੋ ਰਹੀ ਏ।

-------------------------------------------------

- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ - ਸੂਖਮ, ਛੋਟੇ ਅਤੇ ਦਰਮਿਆਨੇ ਉੱਦਮ ਦੇਸ਼ ਦੇ ਰੱਖਿਆ ਨਿਰਮਾਣ ਖੇਤਰ ਦੇ ਇੱਕ ਮਹੱਤਵਪੂਰਨ ਥੰਮ੍ਹ ਵਜੋਂ ਉੱਭਰ ਰਹੇ ਨੇ।

- ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਲਈ 2026-27 ਵਾਸਤੇ ਆਬਕਾਰੀ ਨੀਤੀ ਨੂੰ ਮਨਜ਼ੂਰੀ ਦਿੱਤੀ ਗਈ ।

- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰੋਂ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਇੱਕ ਨਾਬਾਲਗ ਸਮੇਤ 6 ਮੁਲਜ਼ਮਾਂ ਨੂੰ 7 ਆਧੁਨਿਕ ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕੀਤਾ। ਅਤੇ

- -ਮੌਸਮ ਵਿਭਾਗ ਨੇ ਕੱਲ੍ਹ ਨੂੰ ਪੰਜਾਬ, ਚੰਡੀਗੜ੍ਹ, ਹਰਿਆਣਾ, ਹਿਮਾਚਲ ਪ੍ਰਦੇਸ਼, ਜੰਮੂ ਕਸ਼ਮੀਰ, ਦਿੱਲੀ NCR, ਅਤੇ ਰਾਜਸਥਾਨ ਵਿੱਚ ਕਈ ਥਾਵਾਂ 'ਤੇ ਗਰਜ ਨਾਲ

ਦਰਮਿਆਨੀ ਤੋਂ ਭਾਰੀ ਬਾਰਿਸ਼ ਹੋਣ ਦੀ ਪੇਸ਼ੀਨਗੋਈ ਕੀਤੀ
।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**